ਰਾਗੁ ਗਉੜੀ ਗੁਆਰੇਰੀ ਮਹਲਾ ੫ ਚਉਪਦੇ ਦੁਪਦੇ ੴ ਸਤਿਗੁਰ ਪ੍ਰਸਾਦਿ ॥ ਜੋ ਪਰਾਇਓ ਸੋਈ ਅਪਨਾ ॥ ਜੋ ਤਜਿ ਛੋਡਨ ਤਿਸੁ ਸਿਉ ਮਨੁ ਰਚਨਾ ॥ ੧॥ ਕਹਹੁ ਗੁਸਾਈ ਮਿਲੀਐ ਕੇਹ ॥ ਜੋ ਬਿਬਰਜਤ ਤਿਸ ਸਿਉ ਨੇਹ ॥੧॥ ਰਹਾਉ ॥ ਝੂਠੁ ਬਾਤ ਸਾ ਸਚੁ ਕਰਿ ਜਾਤੀ ॥ ਸਤਿ ਹੋਵਨੁ ਮਨਿ ਲਗੈ ਨ ਰਾਤੀ ॥੨॥ ਬਾਵੈ ਮਾਰਗੁ ਟੇਢਾ ਚਲਨਾ ॥ ਸੀਧਾ ਛੋਡਿ ਅਪੂਠਾ ਬੁਨਨਾ ॥੩॥ ਦੁਹਾ ਸਿਰਿਆ ਕਾ ਖਸਮੁ ਪ੍ਰਭੁ ਸੋਈ ॥ ਜਿਸੁ ਮੇਲੇ ਨਾਨਕ ਸੋ ਮੁਕਤਾ ਹੋਈ ॥੪॥੨੯॥੯੮॥ {ਪੰਨਾ 185}

ਪਦਅਰਥ:- ਤਜਿ—ਤਿਆਗ ਕੇ। ਸਿਉ—ਨਾਲ।1।

ਕਹਹੁ—ਦੱਸੋ। ਕੇਹੁ—ਕਿਸ ਤਰ੍ਹਾਂ? ਬਿਬਰਜਤ—ਮਨਹ। ਨੇਹ—ਪਿਆਰ।1। ਰਹਾਉ।

ਜਾਤੀ—ਜਾਣੀ ਹੈ। ਸਤਿ—ਸੱਚ। ਮਨਿ—ਮਨ ਵਿਚ। ਰਾਤੀ—ਰਤਾ ਭੀ।2।

ਬਾਵੈ—ਬਾਏਂ, ਖੱਬੇ ਪਾਸੇ, ਉਲਟੇ ਪਾਸੇ। ਮਾਰਗੁ—ਰਸਤਾ। ਛੋਡਿ—ਛੱਡ ਕੇ। ਅਪੂਠਾ—ਪੁੱਠਾ।3।

ਦੁਹਾ ਸਿਰਿਆ ਕਾ—ਦੋਹਾਂ ਪਾਸਿਆਂ ਦਾ (ਉਲਟੇ ਮਾਰਗ ਅਤੇ ਸਿੱਧੇ ਮਾਰਗ ਦਾ)। ਮੁਕਤਾ—ਵਿਕਾਰਾਂ ਤੋਂ ਅਜ਼ਾਦ।4।

ਅਰਥ:- (ਹੇ ਭਾਈ!) ਦੱਸੋ, ਅਸੀਂ ਖਸਮ-ਪ੍ਰਭੂ ਨੂੰ ਕਿਵੇਂ ਮਿਲ ਸਕਦੇ ਹਾਂ, ਜੇ ਸਾਡਾ (ਸਦਾ) ਉਸ ਮਾਇਆ ਨਾਲ ਪਿਆਰ ਹੈ, ਜਿਸ ਵਲੋਂ ਸਾਨੂੰ ਵਰਜਿਆ ਹੋਇਆ ਹੈ?।1। ਰਹਾਉ।

(ਮਾਲ-ਧਨ ਆਦਿਕ) ਜੋ (ਆਖ਼ਿਰ) ਬਿਗਾਨਾ ਹੋ ਜਾਣਾ ਹੈ, ਉਸ ਨੂੰ ਅਸੀਂ ਆਪਣਾ ਮੰਨੀ ਬੈਠੇ ਹਾਂ, ਸਾਡਾ ਮਨ ਉਸ (ਮਾਲ-ਧਨ) ਨਾਲ ਮਸਤ ਰਹਿੰਦਾ ਹੈ, ਜਿਸ ਨੂੰ (ਆਖ਼ਿਰ) ਛੱਡ ਜਾਣਾ ਹੈ।1।

(ਇਹ ਖ਼ਿਆਲ ਝੂਠਾ ਹੈ ਕਿ ਅਸਾਂ ਇਥੇ ਸਦਾ ਬਹਿ ਰਹਿਣਾ ਹੈ, ਪਰ ਇਹ) ਜੋ ਝੂਠੀ ਗੱਲ ਹੈ ਇਸ ਨੂੰ ਅਸਾਂ ਠੀਕ ਸਮਝਿਆ ਹੋਇਆ ਹੈ, (ਮੌਤ) ਜੋ ਜ਼ਰੂਰ ਵਾਪਰਨੀ ਹੈ ਉਹ ਸਾਡੇ ਮਨ ਵਿਚ ਰਤਾ ਭਰ ਭੀ ਨਹੀਂ ਜਚਦੀ।2।

(ਮੰਦੇ ਪਾਸੇ ਪਿਆਰ ਪਾਣ ਦੇ ਕਾਰਨ) ਅਸਾਂ ਮੰਦੇ ਪਾਸੇ ਜੀਵਨ ਰਸਤਾ ਮੱਲਿਆ ਹੋਇਆ ਹੈ, ਅਸੀਂ ਜੀਵਨ ਦੀ ਵਿੰਗੀ ਚਾਲ ਚੱਲ ਰਹੇ ਹਾਂ। ਜੀਵਨ ਦਾ ਸਿੱਧਾ ਰਾਹ ਛੱਡ ਕੇ ਅਸੀਂ ਜੀਵਨ-ਤਾਣੀ ਦੀ ਪੁੱਠੀ ਬੁਣਤ ਬੁਣ ਰਹੇ ਹਾਂ।3।

(ਪਰ) ਹੇ ਨਾਨਕ! (ਜੀਵਾਂ ਦੇ ਭੀ ਕੀਹ ਵੱਸ?) (ਜੀਵਨ ਦੇ ਚੰਗੇ ਤੇ ਮੰਦੇ) ਦੋਹਾਂ ਪਾਸਿਆਂ ਦਾ ਮਾਲਕ ਪਰਮਾਤਮਾ ਆਪ ਹੀ ਹੈ। ਜਿਸ ਮਨੁੱਖ ਨੂੰ ਪਰਮਾਤਮਾ (ਆਪਣੇ ਚਰਨਾਂ ਵਿਚ) ਜੋੜਦਾ ਹੈ, ਉਹ ਮੰਦੇ ਪਾਸੇ ਵਲੋਂ ਬਚ ਜਾਂਦਾ ਹੈ।4। 29। 98।